# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

## (*Punjabi Bhasha Pasaar Bhaichara*)

---

ਵੱਲ

ਡਾਇਰੈਕਟਰ,
ਭਾਸ਼ਾ ਵਿਭਾਗ, ਪੰਜਾਬ, dir.lang@punjab.gov.in
ਪਟਿਆਲਾ।

ਨੰ:ਪ.ਭ.ਪ.ਭ./23 ਮਿਤੀ:18ਅਕਤੂਬਰ 2018

ਵਿਸ਼ਾ: ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਨੂੰ ਪੰਜਾਬ ਸਰਕਾਰ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਕੋਲੋਂ ਸਖਤੀ ਨਾਲ ਲਾਗੂ ਕਰਾਉਣ ਬਾਰੇ ਬੇਨਤੀ।

ਸ਼੍ਰੀਮਤੀ ਜੀ,

ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨਾਲ ਸਬੰਧਤ ਕੁਝ ਕਾਨੂੰਨੀ ਵਿਵਸਥਾਵਾਂ ਅਤੇ ਤੱਥ, ਵਿਚਾਰ ਅਤੇ ਯੋਗ ਕਾਰਵਾਈ ਲਈ ਆਪ ਜੀ ਦੇ, ਨਿਮਰਤਾ ਸਹਿਤ, ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ ੳ- ਕਾਨੂੰਨੀ ਵਿਵਸਥਾਵਾਂ**

1. 49 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆਂ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ: **"ਧਾਰਾ 3(ਅ) - ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਅਦਾਰਿਆਂ ਦੇ ਦਫ਼ਤਰਾਂ ਆਦਿ ਵਿਚ ਪੰਜਾਬੀ ਦੀ ਵਰਤੋਂ ਬਾਰੇ**

**"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. 2008 ਦੇ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ, ਡਾਇਰੈਕਟਰ ਭਾਸ਼ਾ ਵਿਭਾਗ (ਅਤੇ ਅਗਾਂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ) ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ, ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੁੰਦਾ ਹੈ ਜਾਂ ਨਹੀਂ, ਇਸ ਤੱਥ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 8 (ੳ): ਸਮੀਖਿਆ ਦਾ ਅਧਿਕਾਰ:** ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਦੇ ਅਧੀਨ ਅਤੇ ਇਸ ਮੰਤਵ ਲਈ ਉਸ ਵੱਲੋਂ ਨਾਮਜ਼ਦ ਕੀਤੇ ਗਏ ਅਫਸਰਾਂ ਕੋਲ ਇਸ ਐਕਟ ਦੀਆਂ ਧਾਰਾਵਾਂ 3(ੳ) ਅਤੇ 3(ਅ) ਦੀ ਪਾਲਣਾ ਦਾ ਪਤਾ ਲਗਾਉਣ ਵਾਸਤੇ ਰਾਜ ਸਰਕਾਰ ਦੇ ਸਰਕਾਰੀ ਦਫਤਰਾਂ, ਜਨਤਕ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਆਦਿ ਦਫ਼ਤਰਾਂ ਦਾ ਮੁਆਇਨਾ ਕਰਨ ਦਾ ਅਧਿਕਾਰ ਹੋਵੇਗਾ। ਦਫ਼ਤਰ ਦਾ ਦਫ਼ਤਰੀ ਰਿਕਾਰਡ ਰੱਖਣ ਵਾਲੇ ਅਫ਼ਸਰ ਆਪਣੇ ਕਬਜੇ ਹੇਠਲਾ ਸਾਰਾ ਰਿਕਾਰਡ ਮੁਆਇਨਾਂ ਕਰਨ ਵਾਲੇ ਡਾਇਰੈਕਟਰ ਜਾਂ ਅਫ਼ਸਰ ਨੂੰ ਮੁਹੱਈਆ ਕਰਾਉਣਗੇ।'"

---

3. ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ, ਉਹਨਾਂ ਕਰਮਚਾਰੀਆਂ/ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਹੈ ਜੋ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ। ਇਸ ਵਿਵਸਥਾ ਦੀ ਇਬਾਰਤ ਇਹ ਹੈ:

"**ਧਾਰਾ 8(ਸ) ਸਜ਼ਾਵਾਂ**- ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਐਕਟ ਦੀਆਂ ਧਾਰਾਵਾਂ ਜਾਂ ਇਹਨਾਂ ਤਹਿਤ ਕੀਤੇ ਨੋਟੀਫਿਕੇਸ਼ਨਾਂ ਦੀ ਵਾਰ ਵਾਰ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮ, 1970 ਦੇ ਤਹਿਤ ਕਾਰਵਾਈ ਕੀਤੇ ਜਾਣ ਦਾ ਭਾਗੀ ਹੋਵੇਗਾ।"

ਉਪਰੋਕਤ ਉਪ ਧਾਰਾ (1) ਤਹਿਤ ਕਸੂਰਵਾਰ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਬੰਧਤ ਕੰਪੀਟੈਂਟ ਅਥਾਰਟੀ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫਾਰਸ਼ਾਂ ਅਨੁਸਾਰ ਕਰੇਗੀ।

ਬਸ਼ਰਤੇ ਕਿ ਅਜਿਹੀ ਕਾਰਵਾਈ ਤੋਂ ਪਹਿਲਾਂ ਸਬੰਧਤ ਅਧਿਕਾਰੀ ਜਾਂ ਕਰਮਚਾਰੀ ਨੂੰ ਸੁਣੇ ਜਾਣ ਦਾ ਮੌਕਾ ਦਿੱਤਾ ਜਾਵੇਗਾ।'

**ਭਾਗ-ਅ- ਤੱਥ**

4. ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਤਾਂ ਬਣਾ ਦਿੱਤੇ ਗਏ ਪਰ ਇਹਨਾਂ ਤੇ ਅਮਲ ਨਹੀਂ ਹੋਇਆ। ਉਲਟਾ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਵੱਧ ਕੰਮ-ਕਾਜ ਹੋਣ ਲੱਗ ਪਿਆ। ਪੰਜਾਬੀ ਭਾਸ਼ਾ ਨਾਲ ਹੁੰਦੀ ਇਸ ਜ਼ਿਆਦਤੀ ਵਿਰੁੱਧ ਕੁਝ ਸੰਸਥਾਵਾਂ (ਵਿਸ਼ੇਸ਼ ਕਰਕੇ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ) ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਸ਼੍ਰੀ ਹਰੀ ਚੰਦ ਅਰੋੜਾ, ਸੀਨੀਅਰ ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਦੀ ਹੋ ਰਹੀ ਘੋਰ ਉਲੰਘਣਾ ਬਾਰੇ ਪੰਜਾਬ ਸਰਕਾਰ ਨੂੰ **20 ਦੇ ਕਰੀਬ ਕਾਨੂੰਨੀ ਨੋਟਿਸ** ਦਿੱਤੇ ਗਏ। ਦਬਾਵਾਂ ਹੇਠ ਆਈ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਅਧਿਕਾਰੀਆਂ ਲਈ ਮਿਤੀ 05.09.2018 ਨੂੰ ਇੱਕ ਹੁਕਮ ਜਾਰੀ ਕੀਤਾ ਅਤੇ ਹਦਾਇਤ ਕੀਤੀ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ।' ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।"

5. ਇਸ ਮਹੱਤਵਪੂਰਨ ਹੁਕਮ ਰਾਹੀਂ ਪੰਜਾਬ ਸਰਕਾਰ ਨੇ ਆਪਣੇ ਦਫ਼ਤਰਾਂ ਦੇ ਮੁਖੀਆਂ ਨੂੰ ਇਹ ਹਦਾਇਤ ਵੀ ਜਾਰੀ ਕੀਤੀ ਹੈ ਕਿ ਉਹ ਆਪਣੀਆਂ ਇੰਟਰਨੈਟ ਤੇ ਪਾਈਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ, ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਉਪਲਬਧ ਕਰਾਉਣ। ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ (ਭਾਵ ਦੋਨੋਂ ਭਾਸ਼ਾਵਾਂ ਵਿਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।"

# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ

## (Punjabi Bhasha Pasaar Bhaichara)

6. ਮਾਂ ਬੋਲੀ ਪੰਜਾਬੀ ਦੇ ਵਿਕਾਸ ਅਤੇ ਪਸਾਰ ਦੀਆਂ ਸੰਭਾਵਨਾਵਾਂ ਤਾਂ ਹੀ ਬਣ ਸਕਦੀਆਂ ਹਨ ਜੇ ਲੰਬੇ ਸੰਘਰਸ਼ਾਂ ਬਾਅਦ ਹੋਂਦ ਵਿਚ ਆਈਆਂ ਇਹ ਕਾਨੂੰਨੀ ਵਿਵਸਥਾਵਾਂ ਅਤੇ ਸਰਕਾਰ ਦੇ ਹੁਕਮ ਇੰਨ-ਬਿੰਨ ਲਾਗੂ ਹੋਣ।

7. ਆਪ ਜੀ ਦੀਆਂ ਪ੍ਰਸ਼ਾਸਨਿਕ ਅਤੇ ਯਥਾਰਥਿਕ ਸਮੱਸਿਆਵਾਂ/ਮਜਬੂਰੀਆਂ ਨੂੰ ਸਮਝਦੇ ਹੋਏ, ਮਾਂ ਬੋਲੀ ਪੰਜਾਬੀ ਨੂੰ ਸਹੀ ਅਰਥਾਂ ਵਿਚ ਰਾਜ ਭਾਸ਼ਾ ਦਾ ਦਰਜਾ ਦਿਵਾਉਣ ਲਈ ਯਤਨਸ਼ੀਲ ਅਤੇ ਸਰਗਰਮ ਸੰਸਥਾ 'ਪੰਜਾਬੀ ਭਾਸ਼ਾ ਪਸਾਰ ਭਾਈਚਾਰਾ' ਨੇ, ਇਸ ਕਾਰਜ ਲਈ ਆਪ ਜੀ ਦੇ ਵਿਭਾਗ ਦੀ ਸਹਾਇਤਾ ਲਈ ਜ਼ਿਲ੍ਹਾ ਅਤੇ ਤਹਿਸੀਲ ਪੱਧਰ ਤੇ 'ਸਹਾਇਕ ਇਕਾਈਆਂ' ਗਠਿਤ ਕੀਤੀਆਂ ਹਨ। ਇਹਨਾਂ ਇਕਾਈਆਂ ਦੇ ਕਾਰਜ ਹੇਠ ਲਿਖੇ ਹਨ:

(ੳ) ਇਹ ਇਕਾਈਆਂ ਲਗਾਤਾਰ ਆਪ ਜੀ ਦੇ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰਾਂ ਦੇ ਸੰਪਰਕ ਵਿਚ ਰਹਿਣਗੀਆਂ। ਤੁਹਾਡਾ ਵਿਭਾਗ ਇਹਨਾਂ ਤੋਂ ਹਰ ਲੋੜੀਂਦੀ ਸਹਾਇਤਾ ਲੈ ਸਕੇਗਾ।

(ਅ) ਇਹ ਇਕਾਈਆਂ ਤੁਹਾਨੂੰ ਉਹਨਾਂ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਦਫ਼ਤਰਾਂ ਬਾਰੇ ਵੀ ਸੂਚਿਤ ਕਰਨਗੀਆਂ ਜਿੱਥੇ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਹੋ ਰਿਹਾ।

**ਭਾਗ ੲ- ਬੇਨਤੀ**

8. ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਆਪ ਜੀ ਨੂੰ ਬੇਨਤੀ ਕਰਦਾ ਹੈ ਕਿ:

(ੳ) ਮਾਂ ਬੋਲੀ ਪੰਜਾਬੀ ਦੇ ਵਿਕਾਸ ਅਤੇ ਪਸਾਰ ਨੂੰ ਯਕੀਨੀ ਬਣਾਉਣ ਲਈ ਆਪ ਅਤੇ ਆਪ ਦੇ ਵਿਭਾਗ ਦੇ ਜ਼ਿਲ੍ਹਾ ਭਾਸ਼ਾ ਅਫ਼ਸਰ ਆਪਣੇ ਕਾਨੂੰਨੀ ਅਤੇ ਇਖ਼ਲਾਕੀ ਫ਼ਰਜ ਤਨਦੇਹੀ ਨਾਲ ਨਿਭਾਉਣ। (ਅ) ਅਜਿਹੇ ਅਧਿਕਾਰੀਆਂ/ਕਰਮਚਾਰੀਆਂ ਦੀ ਸ਼ਨਾਖ਼ਤ ਕੀਤੀ ਜਾਵੇ ਜੋ ਪੰਜਾਬੀ ਭਾਸ਼ਾ ਵਿਚ ਕੰਮ ਨਾ ਕਰਕੇ ਰਾਜ ਭਾਸ਼ਾ ਐਕਟ ਦੀਆਂ ਵਿਵਸਥਾਵਾਂ ਦੀ ਉਲੰਘਣਾ ਕਰਦੇ ਹਨ, (ੲ) ਕਸੂਰਵਾਰ ਅਧਿਕਾਰੀਆਂ/ਕਰਮਚਾਰੀਆਂ ਵਿਰੁੱਧ ਤੁਰੰਤ ਅਨੁਸ਼ਾਸਨੀ ਕਾਰਵਾਈ ਕਰਨ ਦੀ ਸਿਫ਼ਾਰਸ਼ ਕੀਤੀ ਜਾਵੇ ਅਤੇ (ਸ) ਸਰਕਾਰ ਦੀਆਂ ਵੈਬਸਾਈਟਾਂ ਤੇ ਪੰਜਾਬੀ ਭਾਸ਼ਾ ਵਿਚ ਸੂਚਨਾ ਉਪਲਬਧ ਕਰਾਉਣ ਲਈ ਪੰਜਾਬ ਸਰਕਾਰ ਦੇ ਮੁੱਖ ਅਤੇ ਜ਼ਿਲ੍ਹਾ ਦਫ਼ਤਰਾਂ ਨੂੰ ਲੋੜੀਂਦੀ ਤਕਨੀਕੀ ਸਮੱਗਰੀ ਉਪਲਬਧ ਕਰਾਈ ਜਾਵੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦਾ ਹਿਤੂ

ਮਿੱਤਰ ਸੈਨ ਮੀਤ

ਐਡਵੋਕੇਟ ਮਿੱਤਰ ਸੈਨ ਮੀਤ
ਸਹਾਇਕ ਸੰਚਾਲਕ(ਕਾਨੂੰਨ)

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
2. ਸ੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
3. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
4. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। vk.meena97@ias.gov.in

---